ਧਨਾਸਰੀ ਮਹਲਾ ੩ ॥ ਮਨੁ ਮਰੈ ਧਾਤੁ ਮਰਿ ਜਾਇ ॥ ਬਿਨੁ ਮਨ ਮੂਏ ਕੈਸੇ ਹਰਿ ਪਾਇ ॥ ਇਹੁ ਮਨੁ ਮਰੈ ਦਾਰੂ ਜਾਣੈ ਕੋਇ ॥ ਮਨੁ ਸਬਦਿ ਮਰੈ ਬੂਝੈ ਜਨੁ ਸੋਇ ॥੧॥ ਜਿਸ ਨੋ ਬਖਸੇ ਹਰਿ ਦੇ ਵਡਿਆਈ ॥ ਗੁਰ ਪਰਸਾਦਿ ਵਸੈ ਮਨਿ ਆਈ ॥ ਰਹਾਉ ॥ ਗੁਰਮੁਖਿ ਕਰਣੀ ਕਾਰ ਕਮਾਵੈ ॥ ਤਾ ਇਸੁ ਮਨ ਕੀ ਸੋਝੀ ਪਾਵੈ ॥ ਮਨੁ ਮੈ ਮਤੁ ਮੈਗਲ ਮਿਕਦਾਰਾ ॥ ਗੁਰੁ ਅੰਕਸੁ ਮਾਰਿ ਜੀਵਾਲਣਹਾਰਾ ॥੨॥ ਮਨੁ ਅਸਾਧੁ ਸਾਧੈ ਜਨੁ ਕੋਈ ॥ ਅਚਰੁ ਚਰੈ ਤਾ ਨਿਰਮਲੁ ਹੋਈ ॥ ਗੁਰਮੁਖਿ ਇਹੁ ਮਨੁ ਲਇਆ ਸਵਾਰਿ ॥ ਹਉਮੈ ਵਿਚਹੁ ਤਜੈ ਵਿਕਾਰ ॥੩॥ ਜੋ ਧੁਰਿ ਰਖਿਅਨੁ ਮੇਲਿ ਮਿਲਾਇ ॥ ਕਦੇ ਨ ਵਿਛੁੜਹਿ ਸਬਦਿ ਸਮਾਇ ॥ ਆਪਣੀ ਕਲਾ ਆਪੇ ਪ੍ਰਭੁ ਜਾਣੈ ॥ ਨਾਨਕ ਗੁਰਮੁਖਿ ਨਾਮੁ ਪਛਾਣੈ ॥੪॥੬॥ {ਪੰਨਾ 665}

ਪਦਅਰਥ:- ਮਰੈ—(ਵਿਕਾਰਾਂ ਵਲੋਂ) ਮਰ ਜਾਂਦਾ ਹੈ (ਵਿਕਾਰਾਂ ਦਾ ਅਸਰ ਨਹੀਂ ਕਬੂਲਦਾ)। ਧਾਤੁ—ਦੌੜ ਭੱਜ, ਤ੍ਰਿਸ਼ਨਾ। ਕੈਸੇ ਪਾਇ—ਕਿਵੇਂ ਪ੍ਰਾਪਤ ਕਰੇ? ਨਹੀਂ ਮਿਲ ਸਕਦਾ। ਕੋਇ—ਕੋਈ ਵਿਰਲਾ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਸੋਇ ਜਨੁ—ਉਹੀ ਮਨੁੱਖ।1।

ਜਿਸ ਨੋ—{ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ}। ਦੇ—ਦੇਂਦਾ ਹੈ। ਵਡਿਆਈ—ਇੱਜ਼ਤ। ਪਰਸਾਦਿ—ਕਿਰਪਾ ਨਾਲ। ਮਨਿ—ਮਨ ਵਿਚ। ਆਈ—ਆਇ, ਆ ਕੇ। ਰਹਾਉ।

ਗੁਰਮੁਖਿ—ਗੁਰੂ ਦੇ ਸਨਮੁਖ ਰਹਿ ਕੇ। ਕਰਣੀ—ਕਰਣੀਯ, ਕਰਨ-ਯੋਗ। ਤਾ—ਤਦੋਂ। ਮੈ ਮਤੁ—ਨਸ਼ੇ ਵਿਚ ਮਸਤ। ਮੈ—ਸ਼ਰਾਬ, ਹਉਮੈ ਦੀ ਸ਼ਰਾਬ। ਮੈਗਲ—ਹਾਥੀ। ਮਿਕਦਾਰਾ—ਜੇਡਾ, ਬਰਾਬਰ। ਅੰਕਸੁ—ਲੋਹੇ ਦੀ ਸੀਖ਼ ਜਿਸ ਨਾਲ ਹਾਥੀ ਨੂੰ ਮਹਾਵਤ ਤੋਰਦਾ ਹੈ। ਜੀਵਾਲਣਹਾਰਾ—ਜਿਵਾਲਣ ਦੀ ਸਮਰਥਾ ਵਾਲਾ।2।

ਅਸਾਧੁ—ਵੱਸ ਵਿਚ ਇਹ ਨਾਹ ਆ ਸਕਣ ਵਾਲਾ। ਸਾਧੈ—ਵੱਸ ਵਿਚ ਲਿਆਉਂਦਾ ਹੈ। ਕੋਈ—ਕੋਈ ਵਿਰਲਾ। ਚਰੈ—ਖਾ ਲੈਂਦਾ ਹੈ, ਮਾਰ ਮੁਕਾਂਦਾ ਹੈ। ਅਚਰੁ—ਜੇਹੜਾ ਖਾਧਾ ਨਾਹ ਜਾ ਸਕੇ।3।

ਰਖਿਅਨੁ—ਉਸ (ਪਰਮਾਤਮਾ) ਨੇ ਰੱਖੇ ਹਨ। ਮਿਲਾਇ ਰਖਿਅਨੁ—ਉਸ ਨੇ ਮਿਲਾ ਰੱਖੇ ਹਨ। ਜੋ—ਜਿਨ੍ਹਾਂ (ਮਨੁੱਖਾਂ) ਨੂੰ। ਵਿਛੁੜਹਿ—ਵਿਛੁੜਦੇ। ਸਬਦਿ—ਸ਼ਬਦ ਵਿਚ। ਸਮਾਇ—ਲੀਨ ਹੋ ਕੇ। ਕਲਾ—ਸੱਤਿਆ, ਤਾਕਤ। ਆਪੇ—ਆਪ ਹੀ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ।4।

ਅਰਥ:- ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਬਖ਼ਸ਼ਸ਼ ਕਰਦਾ ਹੈ, ਜਿਸ ਨੂੰ ਇੱਜ਼ਤ ਦੇਂਦਾ ਹੈ, ਉਸ ਮਨੁੱਖ ਦੇ ਮਨ ਵਿਚ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ) ਆ ਵੱਸਦਾ ਹੈ। ਰਹਾਉ।

(ਹੇ ਭਾਈ! ਉਸ ਹਰਿ-ਨਾਮ ਦੀ ਬਰਕਤਿ ਨਾਲ ਮਨੁੱਖ ਦਾ) ਮਨ ਵਿਕਾਰਾਂ ਦਾ ਅਸਰ ਨਹੀਂ ਕਬੂਲਦਾ, ਮਨ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ। ਜਦ ਤਕ ਮਨ ਵਿਕਾਰਾਂ ਵਲੋਂ ਅਛੋਹ ਨਹੀਂ ਹੁੰਦਾ, ਮਨੁੱਖ ਪਰਮਾਤਮਾ ਦਾ ਮਿਲਾਪ ਪ੍ਰਾਪਤ ਨਹੀਂ ਕਰ ਸਕਦਾ। ਹੇ ਭਾਈ! ਕੋਈ ਵਿਰਲਾ ਮਨੁੱਖ ਉਹ ਦਵਾਈ ਜਾਣਦਾ ਹੈ, ਜਿਸ ਦੇ ਵਰਤਣ ਨਾਲ ਇਹ ਮਨ ਵਿਕਾਰਾਂ ਦਾ ਅਸਰ ਕਬੂਲਣੋਂ ਹਟ ਜਾਏ। (ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ) ਉਹ ਮਨੁੱਖ ਸਮਝ ਲੈਂਦਾ ਹੈ ਕਿ ਗੁਰੂ ਦੇ ਸ਼ਬਦ ਵਿਚ ਜੁੜਿਆਂ ਮਨ ਵਿਕਾਰਾਂ ਵਲੋਂ ਅਛੋਹ ਹੋ ਜਾਂਦਾ ਹੈ।1।

ਹੇ ਭਾਈ! ਜਦੋਂ ਮਨੁੱਖ ਗੁਰੂ ਦੀ ਸਰਨ ਪੈ ਕੇ (ਗੁਰੂ ਵਲੋਂ ਮਿਲੀ) ਕਰਨ-ਜੋਗ ਕਾਰ ਕਰਨੀ ਸ਼ੁਰੂ ਕਰ ਦੇਂਦਾ ਹੈ, ਤਦੋਂ ਉਸ ਨੂੰ ਇਸ ਮਨ (ਨੂੰ ਵੱਸ ਵਿਚ ਰੱਖਣ) ਦੀ ਸਮਝ ਆ ਜਾਂਦੀ ਹੈ। (ਤਦੋਂ ਮਨੁੱਖ ਸਮਝ ਲੈਂਦਾ ਹੈ ਕਿ) ਮਨ (ਹਉਮੈ ਦੇ) ਨਸ਼ੇ ਵਿਚ ਮਸਤ ਹੋ ਕੇ (ਮਸਤ) ਹਾਥੀ ਵਰਗਾ ਹੋਇਆ ਰਹਿੰਦਾ ਹੈ, ਗੁਰੂ ਹੀ (ਆਪਣੇ ਸ਼ਬਦ ਦਾ) ਕੁੰਡਾ ਵਰਤ ਕੇ (ਵਿਕਾਰਾਂ ਵਿਚ ਆਤਮਕ ਮੌਤੇ ਮਰੇ ਹੋਏ ਮਨ ਨੂੰ) ਆਤਮਕ ਜੀਵਨ ਦੇਣ ਦੀ ਸਮਰਥਾ ਰੱਖਦਾ ਹੈ।2।

ਹੇ ਭਾਈ! ਇਹ ਮਨ ਬੜੀ ਮੁਸ਼ਕਿਲ ਨਾਲ ਵੱਸ ਵਿਚ ਆਉਂਦਾ ਹੈ, ਕੋਈ ਵਿਰਲਾ ਮਨੁੱਖ ਇਸ ਨੂੰ ਵੱਸ ਵਿਚ

ਲਿਆਉਂਦਾ ਹੈ। ਜਦੋਂ ਮਨੁੱਖ (ਗੁਰੂ ਦੀ ਸਰਨ ਪੈ ਕੇ ਮਨ ਦੇ) ਅਸਾਧ ਰੋਗ (ਕਾਮਾਦਿਕ) ਨੂੰ ਮੁਕਾ ਲੈਂਦਾ ਹੈ, ਤਦੋਂ (ਇਸ ਦਾ ਮਨ) ਪਵਿੱਤਰ ਹੋ ਜਾਂਦਾ ਹੈ। ਗੁਰੂ ਦੀ ਸਰਨ ਪਏ ਰਹਿਣ ਵਾਲਾ ਮਨੁੱਖ ਇਸ ਮਨ ਨੂੰ ਸੋਹਣਾ ਬਣਾ ਲੈਂਦਾ ਹੈ, ਤੇ ਆਪਣੇ ਅੰਦਰੋਂ ਹਉਮੈ ਆਦਿਕ ਵਿਕਾਰਾਂ ਨੂੰ ਕੱਢ ਦੇਂਦਾ ਹੈ।3।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਉਸ (ਪਰਮਾਤਮਾ) ਨੇ ਧੁਰ ਤੋਂ ਹੀ ਆਪਣੇ ਚਰਨਾਂ ਵਿਚ ਜੋੜ ਰੱਖਿਆ ਹੈ, ਉਹ ਗੁਰੂ ਦੇ ਸ਼ਬਦ ਵਿਚ ਲੀਨ ਰਹਿ ਕੇ ਕਦੇ ਭੀ (ਪ੍ਰਭੂ ਤੋਂ) ਨਹੀਂ ਵਿਛੁੜਦੇ। ਪਰ, ਹੇ ਭਾਈ! ਪ੍ਰਭੂ ਆਪ ਹੀ ਆਪਣੀ ਗੁੱਝੀ ਤਾਕਤ ਜਾਣਦਾ ਹੈ (ਕਿ ਕਿਸ ਨੂੰ ਉਹ ਆਪਣੇ ਨਾਲ ਜੋੜੀ ਰੱਖਦਾ ਹੈ)। ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੇ ਨਾਮ ਨਾਲ ਸਾਂਝ ਬਣਾਈ ਰੱਖਦਾ ਹੈ।4।6।